# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

## ਮਿਤੀ :29-12-2025

ਵਿਕਸਿਤ ਭਾਰਤ - ਰੋਜ਼ਗਾਰ ਅਤੇ ਅਜੀਵਿਕਾ ਗਾਰੰਟੀ ਮਿਸ਼ਨ (ਗ੍ਰਾਮੀਣ): ਵਿਕਸਿਤ ਭਾਰਤ - ਜੀ ਰਾਮ ਜੀ ਕਾਨੂੰਨ ਰਾਹੀਂ ਜ਼ਿਆਦਾਤਰ ਰਾਜਾਂ ਨੂੰ ਪਿਛਲੇ ਸੱਤ ਸਾਲਾਂ 'ਚ ਰਕਮਾਂ ਦੀ ਔਸਤ ਵੰਡ ਦੇ ਮੁਕਾਬਲੇ 17 ਹਜ਼ਾਰ ਕਰੋੜ ਰੁਪਏ ਵਾਧੂ ਮਿਲਣ ਦੀ ਉਮੀਦ ਏ। ਇਸ ਕਾਨੂੰਨ ਨੇ ਵੀਹ ਸਾਲ ਪੁਰਾਣੇ ਮਹਾਤਮਾ ਗਾਂਧੀ ਰਾਸ਼ਟਰੀ ਦਿਹਾਤੀ ਰੁਜ਼ਗਾਰ ਗਰੰਟੀ ਕਾਨੂੰਨ, 2005 ਦੀ ਥਾਂ ਲਈ ਏ। ਸਟੇਟ ਬੈਂਕ ਆਫ਼ ਇੰਡੀਆ, (SBI) ਦੀ ਇੱਕ ਖੋਜ ਰਿਪੋਰਟ ਮੁਤਾਬਿਕ, ਇਹ ਕਾਨੂੰਨ, ਰਾਜਾਂ ਨੂੰ ਰਕਮਾਂ ਦੀ ਕੁੱਲ ਵੰਡ ਵਿੱਚ ਸੁਧਾਰ ਕਰੇਗਾ। ਰਿਪੋਰਟ ਵਿੱਚ ਇਹ ਦੱਸਿਆ ਗਿਆ ਏ ਕਿ ਵਿਕਸਿਤ ਭਾਰਤ ਜੀ-ਰਾਮ ਜੀ ਦਾ ਉਦੇਸ਼, ਤਬਦੀਲੀ ਲਿਆਉਣ ਵਾਲੇ ਤਰੀਕਿਆਂ ਅਤੇ ਰਣਨੀਤੀਆਂ ਨੂੰ ਏਕੀਕ੍ਰਿਤ ਕਰਨਾ ਏ. ਇਸ ਰਾਹੀਂ ਮੁਕਾਬਲੇਬਾਜ਼ੀ ਵਾਲੇ ਪ੍ਰੋਜੈਕਟਾਂ ਦੀ ਪਛਾਣ, ਉਤਪਾਦਕ ਸੰਪਤੀ ਸਿਰਜਣ, ਜ਼ਿਆਦਾ ਆਮਦਨ ਪੈਦਾ ਕਰਨ ਅਤੇ ਇੱਕ ਕੁਸ਼ਲ ਨਿਗਰਾਨੀ ਸਿਲਸਿਲੇ ਨਾਲ ਸਬੰਧਤ ਚੁਣੌਤੀਆਂ ਨੂੰ ਹੱਲ

ਕਰਨ 'ਤੇ ਧਿਆਨ ਕੇਂਦਰਿਤ ਕੀਤਾ ਜਾਵੇਗਾ. SBI ਦੇ ਮੁੱਖ ਆਰਥਿਕ ਸਲਾਹਕਾਰ ਡਾ. ਸੌਮਿ ਕਾਂਤੀ ਘੋਸ਼ ਵਲੋਂ ਲਿਖੀ ਗਈ, ਰਿਪੋਰਟ ਵਿੱਚ ਦੱਸਿਆ ਗਿਆ ਏ ਕਿ ਵਿਕਸਿਤ ਭਾਰਤ - ਜੀ ਰਾਮ ਜੀ ਕਾਨੂੰਨ ਦਾ ਉਦੇਸ਼ ਸਾਰੇ ਪੱਧਰਾਂ 'ਤੇ ਰੁਜ਼ਗਾਰ ਸਿਰਜਣ, ਪਾਰਦਰਸ਼ਤਾ, ਯੋਜਨਾਬੰਦੀ ਅਤੇ ਜਵਾਬਦੇਹੀ ਨੂੰ ਮਜ਼ਬੂਤ ਕਰਦੇ ਹੋਏ ਢਾਂਚਾਗਤ ਕਮਜ਼ੋਰੀਆਂ ਨੂੰ ਦੂਰ ਕਰਨਾ ਏ . ਇਸ ਦੌਰਾਨ ਗੁਰਦਾਸਪੁਰ ਦੇ ਸਤਨਾਮ ਸਿੰਘ ਅਤੇ ਫਾਜ਼ਿਲਕਾ ਦੇ ਮਦਨ ਲਾਲ ਨੇ ਇਸ ਨਵੀਂ ਯੋਜਨਾ ‘ਤੇ ਖੁਸ਼ੀ ਜ਼ਾਹਿਰ ਕਰਦਿਆਂ ਕਿਹਾ

BYTE

ਇਸ ਬਿੱਲ ਨੂੰ ਹਾਲ ਹੀ ਵਿੱਚ ਸਮਾਪਤ ਹੋਏ ਸਰਦੀਆਂ ਦੀ ਰੁਤ ਦੇ ਇਜਲਾਸ ਦੌਰਾਨ, ਸੰਸਦ ਨੇ ਮੰਜ਼ੂਰੀ ਦਿੱਤੀ ਸੀ.

-----------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾ ਨੇ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਮੁੜ ਸੁਰਜੀਤ ਕੀਤੀ ਜਾ ਰਹੀ ਦੀਵਾਨ ਟੋਡਰ ਮੱਲ ਦੀ ਜਹਾਜ਼ੀ ਹਵੇਲੀ ਦਾ ਦੌਰਾ ਕੀਤਾ। ਉਹਨਾਂ ਇਸ ਨੇਕ ਕਾਰਜ ਵਿੱਚ ਦੀਵਾਨ ਟੋਡਰ ਮੱਲ ਵਿਰਾਸਤੀ ਫਾਊਂਡੇਸ਼ਨ ਨੂੰ ਸਹਿਯੋਗ ਦੇਣ ਲਈ ਪੰਜਾਬ ਸਰਕਾਰ, ਸ਼੍ਰੋਮਣੀ ਕਮੇਟੀ ਤੇ ਸੰਗਤਾਂ ਦਾ ਧੰਨਵਾਦ ਕੀਤਾ। ਸਪੀਕਰ ਸੰਧਵਾਂ ਨੇ ਦੱਸਿਆ ਕਿ ਦੀਵਾਨ ਟੋਡਰ ਮੱਲ ਹਵੇਲੀ ਦੇ ਨਵ

ਨਿਰਮਾਣ ਦਾ ਪਹਿਲਾ ਪੜਾਅ ਮੁਕੰਮਲ ਹੋ ਚੁੱਕਾ ਏ, ਜਿਸ ਉੱਤੇ 9 ਕਰੋੜ ਰੁਪਏ ਦੀ ਲਾਗਤ ਆਈ ਏ। ਉਹਨਾਂ ਦੱਸਿਆ ਕਿ ਦੂਜੇ ਪੜਾਅ ਤਹਿਤ 6 ਕਰੋੜ ਰੁਪਏ ਦੀ ਲਾਗਤ ਨਾਲ ਕੰਮ ਕਰਵਾਏ ਜਾਣਗੇ ਤੇ ਫਾਊਂਡੇਸ਼ਨ ਵੱਲੋਂ ਇਸ ਪ੍ਰੋਜੈਕਟ ਲਈ 50 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਏ। ਸਪੀਕਰ ਸੰਧਵਾਂ ਨੇ ਕਿਹਾ ਕਿ ਬੱਚਿਆਂ ਤੇ ਨੌਜਵਾਨਾਂ ਨੂੰ ਇਤਿਹਾਸ ਬਾਰੇ ਜਾਣੂ ਕਰਵਾਉਣ ਲਈ ਅਜਿਹੀਆਂ ਇਤਿਹਾਸਿਕ ਧਰੋਹਰਾਂ ਦੀ ਸਾਂਭ-ਸੰਭਾਲ, ਸਮੇਂ ਦੀ ਅਹਿਮ ਲੋੜ ਏ। ਜ਼ਿਕਰਯੋਗ ਏ ਕਿ ਦੀਵਾਨ ਟੋਡਰ ਮੱਲ ਨੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਬਾਅਦ ਉਹਨਾਂ ਦੇ ਸਸਕਾਰ ਲਈ ਸੋਨੇ ਦੀਆਂ ਮੋਹਰਾਂ ਜ਼ਮੀਨ ਤੇ ਰੱਖ ਕੇ ਸਸਕਾਰ ਵਾਸਤੇ ਜ਼ਮੀਨ ਖਰੀਦੀ ਸੀ |

---------------------------------------------------------

ਦੇਸ਼ ਦਾ ਸਭ ਤੋਂ ਪੁਰਾਣਾ ਭਾਰਤੀ ਸ਼ਾਸਤਰੀ ਸੰਗੀਤ ਉਤਸਵ ਹਰਿਵੱਲਭ ਸੰਗੀਤ ਸੰਮੇਲਨ ਕਈ ਤਰਾਂ ਦੀਆਂ ਵੰਨਗੀਆਂ ਬਿਖੇਰਦਾ ਹੋਇਆ ਕਲ ਦੇਰ ਰਾਤ ਸਮਾਪਤ ਹੋ ਗਿਆ। ਜਲੰਧਰ ਦੇ ਸ੍ਰੀ ਦੇਵੀ ਤਾਲਾਬ ਮੰਦਿਰ ਵਿਖੇ ਆਯੋਜਿਤ 3 ਦਿਨਾਂ ਸੰਮੇਲਨ ਦਾ ਇਹ 150ਵਾਂ ਅੰਕ ਸੀ, ਜੋ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸਹੀਦੀ ਦਿਹਾੜੇ ਨੂੰ ਸਮਰਪਿਤ ਸੀ। ਸੰਮੇਲਨ ਵਿਚ ਉਸਤਾਦ ਵਸੀਫ਼ੁਦੀਨ ਡਾਗਰ ਤੇ ਪੰਡਿਤ ਮੋਹਨ ਸ਼ਿਆਮ ਸ਼ਰਮਾ ਦੇ ਧਰੁਪਦ ਰਾਗ ਤੇ ਪਖਾਵਜ, ਪੰਡਿਤ ਸੁਬੇਧਰਾ ਰਾਓ-

ਵਿਦੂਸੀ ਸਸਕਿਆ ਰਾਓ ਦੀ ਸਿਤਾਰ ਅਤੇ ਸੇਲੋ ਤੇ ਜੁਗਲਬੰਦੀ, ਵਿਦੂਸੀ ਮਾਨੀਕੀ ਅਵਸਥੀ ਦੇ ਗਾਇਨ, ਪੰਡਿਤ ਰਾਣੂ ਮਜੂਮਦਾਰ ਤੇ ਸਾਥੀਆਂ ਦੀ ਬੰਸਰੀ ਤੇ ਜੁਗਲਬੰਦੀ ਤੇ ਹੋਰਨਾਂ ਉਘੇ ਕਲਾਕਾਰਾਂ ਦੀ ਤਬਲੇ , ਸਿਤਾਰ ਅਤੇ ਸੇਕਸੋਫੋਨ ਤੇ ਪੇਸ਼ਕਾਰੀਆਂ ਨੇ ਸਰੋਤਿਆਂ ਨੂੰ ਕੀਲ ਲਿਆ। ਸੰਮੇਲਨ ਦੇ ਦੂਜੇ ਦਿਨ ਦੀ ਸ਼ਾਮ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਤੇ ਸਾਬਕਾ ਕੇਂਦਰੀ ਮੰਤਰੀ ਅਨੁਰਾਗ ਠਾਕੁਰ ਨੇ ਵੀ ਸ਼ਮੂਲੀਅਤ ਕੀਤੀ। ਇਸੇ ਦੌਰਾਨ ਕੈਬਨਿਟ ਮੰਤਰੀ ਮੋਹਿੰਦਰ ਭਗਤ ਵਲੋਂ ਬੀਤੀ ਸ਼ਾਮ ਜਲੰਧਰ ਦੇ ਦੋਆਬਾ ਚੌਕ ਦਾ ਉਦਘਾਟਨ ਕੀਤਾ ਗਿਆ ਇਸ ਚੌਕ ਨੂੰ ਨਵੀ ਦਿੱਖ ਪ੍ਰਦਾਨ ਕਰਕੇ ਸ੍ਰੀ ਹਰਿਵੱਲਭ ਚੌਕ ਦਾ ਨਾਮ ਦੇ ਕੇ ਹਰਿਵੱਲਭ ਸੰਗੀਤ ਸੰਮੇਲਨ ਨੂੰ ਸਮਰਪਿਤ ਕੀਤਾ ਗਿਆ ਏ ਇਸ ਚੌਕ ਵਿਚ ਵੀਣਾ, ਸ਼ਹਿਨਾਈ ਅਤੇ ਤਬਲੇ ਦੀਆਂ ਪ੍ਰਤਿਮਾਵਾਂ ਸਥਾਪਿਤ ਕੀਤੀਆਂ ਗਈਆਂ ਨੇ । ਇਸ ਮੌਕੇ ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ, ਮੇਅਰ ਵਿਨੀਤ ਧੀਰ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਮੌਜੂਦ ਸਨ।

---------------------------------------------------

ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਏ ਕਿ ਪੰਜਾਬ ਸਰਕਾਰ ਨੇ ਸਾਲ 2025 ਦੌਰਾਨ ਹਰੇਕ ਨਾਗਰਿਕ ਲਈ

ਪਹੁੰਚਯੋਗ, ਕਿਫ਼ਾਇਤੀ ਤੇ ਉੱਨਤ ਸਿਹਤ ਸੰਭਾਲ ਸੇਵਾਵਾਂ ਯਕੀਨੀ ਬਣਾਉਣ ਲਈ ਕਈ ਮਹੱਤਵਪੂਰਨ ਕਦਮ ਚੁੱਕੇ ਨੇ। ਇਸ ਮਿਆਦ ਦੌਰਾਨ ਮੁੱਢਲੀਆਂ ਸਿਹਤ ਸੰਭਾਲ ਸੇਵਾਵਾਂ ਤੋਂ ਲੈ ਕੇ ਜਿਗਰ ਟ੍ਰਾਂਸਪਲਾਂਟ ਤੱਕ ਬੁਨਿਆਦੀ ਢਾਂਚੇ, ਸਿਹਤ ਸੰਭਾਲ ਸੇਵਾਵਾਂ ਅਧੀਨ ਵੱਧ ਤੋਂ ਵੱਧ ਲੋਕਾਂ ਨੂੰ ਕਵਰ ਕਰਨ ਅਤੇ ਮਨੁੱਖੀ ਸਰੋਤ ਢਾਂਚੇ ਦੀ ਮਜ਼ਬੂਤੀ ਵਿੱਚ ਬੇਮਿਸਾਲ ਵਾਧਾ ਦੇਖਿਆ ਗਿਆ ਏ। ਉਹਨਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਦੇ ਸਥਾਪਤ ਹੋਣ ਤੋਂ ਲੈ ਕੇ ਹੁਣ ਤੱਕ 881 ਕਲੀਨਿਕਾਂ ਵਿੱਚ 4.59 ਕਰੋੜ ਤੋਂ ਵੱਧ ਮਰੀਜ਼ਾਂ ਨੇ ਇਲਾਜ ਸੇਵਾਵਾਂ ਲਈਆਂ ਨੇ। ਉਹਨਾਂ ਕਿਹਾ ਕਿ ਸੂਬਾ ਸਰਕਾਰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਆਉਣ ਵਾਲੇ ਮਹੀਨੇ ਵਿੱਚ ਕਵਰੇਜ ਰਾਸ਼ੀ ਨੂੰ ਪ੍ਰਤੀ ਪਰਿਵਾਰ ਪ੍ਰਤੀ ਸਾਲ 5 ਲੱਖ ਰੁਪਏ ਤੋਂ ਵਧਾ ਕੇ 10 ਲੱਖ ਰੁਪਏ ਕਰਨ ਲਈ ਪੂਰੀ ਤਰ੍ਹਾਂ ਤਿਆਰ ਏ, ਜੋ ਕਿ ਪੰਜਾਬ ਅਤੇ ਚੰਡੀਗੜ੍ਹ ਭਰ ਦੇ ਸਰਕਾਰੀ ਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਨਕਦੀ ਰਹਿਤ ਇਲਾਜ ਪ੍ਰਦਾਨ ਕਰੇਗਾ। ਸਿਹਤ ਮੰਤਰੀ ਨੇ ਕਿਹਾ ਕਿ ਇਹ ਵਿਆਪਕ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਅਤੇ ਲੋਕਾਂ ਨੂੰ 10 ਲੱਖ ਤੱਕ ਦਾ ਨਕਦੀ ਰਹਿਤ ਇਲਾਜ ਯਕੀਨੀ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਏ।

---------------------------------------